ਗਉੜੀ ਮਹਲਾ ੫ ॥ ਆਦਿ ਮਧਿ ਜੋ ਅੰਤਿ ਨਿਬਾਹੈ ॥ ਸੋ ਸਾਜਨੁ ਮੇਰਾ ਮਨੁ ਚਾਹੈ ॥ ੧॥ ਹਰਿ ਕੀ ਪ੍ਰੀਤਿ ਸਦਾ ਸੰਗਿ ਚਾਲੈ ॥ ਦਇਆਲ ਪੁਰਖ ਪੂਰਨ ਪ੍ਰਤਿਪਾਲੈ॥੧॥ ਰਹਾਉ ॥ ਬਿਨਸਤ ਨਾਹੀ ਛੋਡਿ ਨ ਜਾਇ ॥ ਜਹ ਪੇਖਾ ਤਹ ਰਹਿਆ ਸਮਾਇ ॥੨॥ ਸੁੰਦਰੁ ਸੁਘੜੁ ਚਤੁਰੁ ਜੀਅ ਦਾਤਾ ॥ ਭਾਈ ਪੂਤੁ ਪਿਤਾ ਪ੍ਰਭੁ ਮਾਤਾ ॥੩॥ ਜੀਵਨ ਪ੍ਰਾਨ ਅਧਾਰ ਮੇਰੀ ਰਾਸਿ ॥ ਪ੍ਰੀਤਿ ਲਾਈ ਕਰਿ ਰਿਦੈ ਨਿਵਾਸਿ ॥੪॥ ਮਾਇਆ ਸਿਲਕ ਕਾਟੀ ਗੋਪਾਲਿ ॥ ਕਰਿ ਅਪੁਨਾ ਲੀਨੋ ਨਦਰਿ ਨਿਹਾਲਿ ॥ ੫॥ ਸਿਮਰਿ ਸਿਮਰਿ ਕਾਟੇ ਸਭਿ ਰੋਗ ॥ ਚਰਣ ਧਿਆਨ ਸਰਬ ਸੁਖ ਭੋਗ ॥੬॥ ਪੂਰਨ ਪੁਰਖੁ ਨਵਤਨੁ ਨਿਤ ਬਾਲਾ ॥ ਹਰਿ ਅੰਤਰਿ ਬਾਹਰਿ ਸੰਗਿ ਰਖਵਾਲਾ ॥੭॥ ਕਹੁ ਨਾਨਕ ਹਰਿ ਹਰਿ ਪਦੁ ਚੀਨ ॥ ਸਰਬਸੁ ਨਾਮੁ ਭਗਤ ਕਉ ਦੀਨ ॥੮॥੧੧॥ {ਪੰਨਾ 240}

ਪਦਅਰਥ:- ਆਦਿ—ਸ਼ੁਰੂ ਵਿਚ। ਮਧਿ—(ਜ਼ਿੰਦਗੀ ਦੇ) ਵਿਚਕਾਰ। ਅੰਤਿ—(ਜੀਵਨ ਦੇ) ਅਖ਼ੀਰ ਵਿਚ। ਨਿਬਾਹੈ—ਸਾਥ ਦੇਂਦਾ ਹੈ।1।

ਸੰਗਿ—ਨਾਲ। ਦਇਆਲ—ਦਇਆ ਦਾ ਘਰ। ਪੁਰਖ—ਸਰਬ-ਵਿਆਪਕ। ਪੂਰਨ—ਸਭ ਗੁਣਾਂ ਦਾ ਮਾਲਕ।1। ਰਹਾਉ।

ਛੋਡਿ—ਛੱਡ ਕੇ। ਜਹ—ਜਿਥੇ (ਭੀ)। ਪੇਖਾ—ਪੇਖਾਂ, ਮੈਂ ਵੇਖਦਾ ਹਾਂ। ਤਹ—ਉਥੇ (ਹੀ)।2।

ਸੁਘੜ—ਸੋਹਣੀ ਮਾਨਸਕ ਘਾੜਤ ਵਾਲਾ, ਸੁਚੱਜਾ। ਜੀਅ ਦਾਤਾ—ਜਿੰਦ ਦੇਣ ਵਾਲਾ।3।

ਅਧਾਰ—ਆਸਰਾ। ਕਰਿ—ਕਰ ਕੇ। ਰਿਦੈ—ਨਿਵਾਸਿ—ਹਿਰਦੇ ਦਾ ਨਿਵਾਸੀ।4।

ਸਿਲਕ—ਫਾਹੀ। ਗੋਪਾਲਿ—ਗੋਪਾਲ ਨੇ, ਸ੍ਰਿਸ਼ਟੀ ਦੇ ਪਾਲਣਹਾਰੇ ਨੇ। ਨਿਹਾਲਿ—ਵੇਖ ਕੇ।5।

ਸਿਮਰ—ਸਿਮਰ ਕੇ। ਕਾਟੇ—ਕੱਟੇ ਜਾਂਦੇ ਹਨ। ਸਭਿ—ਸਾਰੇ।6।

ਨਵਤਨੁ—ਨਵਾਂ। ਨਿਤ—ਸਦਾ। ਬਾਲਾ—ਜਵਾਨ।7।

ਹਰਿ ਪਦੁ—ਪ੍ਰਭੂ-ਮਿਲਾਪ ਦਾ ਦਰਜਾ। ਪਦੁ—ਦਰਜਾ। ਕਉ—ਨੂੰ। ਸਰਬਸੁ—{svLÔv [ svL—ਸਾਰਾ। Ôv—ਸ੍ਵ, ਧਨ} ਸਾਰਾ ਹੀ ਧਨ-ਪਦਾਰਥ, ਸਭ ਕੁਝ।8।

ਅਰਥ:- (ਹੇ ਭਾਈ!) ਪਰਮਾਤਮਾ ਨਾਲ ਜੋੜੀ ਹੋਈ ਪ੍ਰੀਤਿ ਸਦਾ ਮਨੁੱਖ ਦੇ ਨਾਲ ਸਾਥ ਦੇਂਦੀ ਹੈ। ਉਹ ਦਇਆ ਦਾ ਘਰ ਸਰਬ-ਵਿਆਪਕ ਤੇ ਸਭ ਗੁਣਾਂ ਦਾ ਮਾਲਕ ਪਰਮਾਤਮਾ (ਆਪਣੇ ਸੇਵਕ-ਭਗਤ ਦੀ ਸਦਾ) ਪਾਲਣਾ ਕਰਦਾ ਹੈ।1। ਰਹਾਉ।

(ਹੇ ਭਾਈ!) ਮੇਰਾ ਮਨ ਉਸ ਸੱਜਣ-ਪ੍ਰਭੂ ਨੂੰ (ਮਿਲਣਾ) ਲੋਚਦਾ ਹੈ ਜੇਹੜਾ ਸਦਾ ਹੀ ਹਰ ਵੇਲੇ ਮਨੁੱਖ ਨਾਲ ਸਾਥ ਦੇਂਦਾ ਹੈ।1।

(ਹੇ ਭਾਈ!) ਮੈਂ ਤਾਂ ਜਿਧਰ ਵੇਖਦਾ ਹਾਂ, ਓਧਰ ਹੀ ਹਰ ਥਾਂ ਪਰਮਾਤਮਾ ਮੌਜੂਦ ਹੈ। ਨਾਹ ਉਹ ਪਰਮਾਤਮਾ ਕਦੇ ਮਰਦਾ ਹੈ, ਤੇ ਨਾਹ ਹੀ ਉਹ ਜੀਵਾਂ ਨੂੰ ਛੱਡ ਕੇ ਕਿਤੇ ਜਾਂਦਾ ਹੈ।2।

(ਹੇ ਭਾਈ!) ਪਰਮਾਤਮਾ ਸੋਹਣੇ ਸਰੂਪ ਵਾਲਾ ਹੈ, ਸੁਚੱਜਾ ਹੈ, ਸਿਆਣਾ, ਜਿੰਦ ਦੇਣ ਵਾਲਾ ਹੈ, ਉਹੀ ਸਾਡਾ (ਅਸਲ ਭਰਾ) ਹੈ, ਪੁੱਤਰ ਹੈ, ਪਿਤਾ ਹੈ, ਮਾਂ ਹੈ।3।

(ਹੇ ਭਾਈ!) ਪਰਮਾਤਮਾ ਮੇਰੇ ਜੀਵਨ ਦਾ, ਮੇਰੀ ਜਿੰਦ ਦਾ ਆਸਰਾ ਹੈ, ਮੇਰੇ ਆਤਮਕ ਜੀਵਨ ਦੀ ਰਾਸਿ-ਪੂੰਜੀ ਹੈ। ਮੈਂ ਉਸ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਉਸ ਨਾਲ ਪ੍ਰੀਤਿ ਜੋੜੀ ਹੋਈ ਹੈ।4।

(ਹੇ ਭਾਈ!) ਸ੍ਰਿਸ਼ਟੀ ਦੇ ਰਾਖੇ ਉਸ ਪ੍ਰਭੂ ਨੇ ਮੇਰੀ ਮਾਇਆ (ਦੇ ਮੋਹ) ਦੀ ਫਾਹੀ ਕੱਟ ਦਿੱਤੀ ਹੈ। (ਮੇਰੇ ਵਲ) ਮਿਹਰ ਦੀ ਨਿਗਾਹ ਨਾਲ ਤੱਕ ਕੇ ਉਸ ਨੇ ਮੈਨੂੰ ਆਪਣਾ ਬਣਾ ਲਿਆ ਹੈ।5।

(ਹੇ ਭਾਈ!) ਪਰਮਾਤਮਾ ਦਾ ਨਾਮ ਸਦਾ ਸਿਮਰ ਸਿਮਰ ਕੇ ਸਾਰੇ ਰੋਗ ਕੱਟੇ ਜਾ ਸਕਦੇ ਹਨ। ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜਨੀ ਹੀ (ਦੁਨੀਆ ਦੇ) ਸਾਰੇ ਸੁਖ ਹਨ, ਸਾਰੇ ਪਦਾਰਥਾਂ ਦੇ ਭੋਗ ਹਨ।6।

(ਹੇ ਭਾਈ!) ਪਰਮਾਤਮਾ ਹਰੇਕ ਜੀਵ ਦੇ ਅੰਦਰ ਵੱਸਦਾ ਹੈ, ਸਾਰੇ ਜਗਤ ਵਿਚ ਹਰ ਥਾਂ ਵੱਸਦਾ ਹੈ, ਹਰੇਕ ਜੀਵ ਦੇ ਨਾਲ ਹੈ, ਤੇ ਸਭ ਜੀਵਾਂ ਦਾ ਰਾਖਾ ਹੈ। ਪਰਮਾਤਮਾ ਸਾਰੇ ਗੁਣਾਂ ਦਾ ਮਾਲਕ ਹੈ, ਸਭ ਜੀਵਾਂ ਵਿਚ ਵਿਆਪਕ ਹੈ, ਉਹ ਸਦਾ ਨਵਾਂ ਹੈ, ਸਦਾ ਜਵਾਨ ਹੈ (ਉਹ ਪਿਆਰ ਕਰਨੋਂ ਕਦੇ ਅੱਕਦਾ ਨਹੀਂ ਤੇ ਕਦੇ ਥੱਕਦਾ ਨਹੀਂ)।7।

ਹੇ ਨਾਨਕ! ਆਖ—ਪਰਮਾਤਮਾ ਆਪਣਾ ਨਾਮ ਆਪਣੇ ਭਗਤ ਨੂੰ ਦੇਂਦਾ ਹੈ, (ਭਗਤ ਵਾਸਤੇ ਉਸ ਦਾ ਨਾਮ ਹੀ ਦੁਨੀਆ ਦਾ) ਸਾਰਾ ਧਨ-ਪਦਾਰਥ ਹੈ (ਜਿਸ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤਿ ਦੇਂਦਾ ਹੈ ਉਹ) ਪਰਮਾਤਮਾ ਨਾਲ ਮਿਲਾਪ ਦੀ ਅਵਸਥਾ ਨੂੰ ਸਮਝ ਲੈਂਦਾ ਹੈ।8।11।